## ਅੱਜ ਨਾਮਾ

ਚੋਣਾਂ, ਚੋਣਾਂ ਤੇ ਸੋਚੀ ਜਾਉ ਸਿਰਫ ਚੋਣਾਂ,
ਸੁਣਦੀ ਚੋਣਾਂ ਤੋਂ ਬਿਨਾਂ ਨਹੀਂ ਗੱਲ ਬੇਲੀ।
ਕਲੱਬਾਂ ਵਿੱਚ ਜੋ ਹੁੰਦੇ ਸਨ ਕੱਲ੍ਹ ਤੀਕਰ,
ਗਰੀਬ ਵਿਹੜਿਆਂ ਵੱਲ ਪਏ ਚੱਲ ਬੇਲੀ।
ਤਾਸ਼ ਵਾਲਿਆਂ ਦੀ ਢਾਣੀ ਦਿੱਸ ਪਈ ਤਾਂ,
ਸੀਪ ਲਾਉਣ ਦਾ ਦੱਸੀ ਜਾਣ ਵੱਲ ਬੇਲੀ।
ਮੰਦਰ ਜਾਉ ਤੋਂ ਸੰਗਤ ਤੋਂ ਲੰਘ ਮੂਹਰੇ,
ਖੜਕਾਈ ਜਾਂਦੇ ਆ ਪ੍ਰਭੂ ਦੇ ਟੱਲ ਬੇਲੀ।
ਵਿਆਹ ਸ਼ਾਦੀ ਜਾਂ ਕਿਸੇ ਥਾਂ ਮਰਗ ਹੋਵੇ,
ਅੱਗੇ ਬਾਕੀਆਂ ਤੋਂ ਜਾਂਦੇ ਈ ਬਹਿ ਬੇਲੀ।
ਤੌੜੀਆਂ ਵਾਂਗ ਪਿਆ ਰਿੱਝਦਾ ਰਹੇ ਬੰਦਾ,
ਸਕਦਾ ਆਗੂ ਨੂੰ ਕੱਖ ਨਹੀਂ ਕਹਿ ਬੇਲੀ।

**ਤੀਸ ਮਾਰ ਖਾਂ**

# ਕੁੱਝ ਕੈਨੇਡੀਅਨਜ਼ ਨੂੰ ਮਿਲ ਜਾਵੇਗੀ ਕੈਨੇਡਾ ਕਾਰਬਨ ਰਿਬੇਟ

ਓਟਵਾ, 15 ਅਪ੍ਰੈਲ (ਪੋਸਟ ਬਿਊਰੋ) : ਮਾਰਚ ਦੇ ਮੱਧ ਤੱਕ ਜਿਨ੍ਹਾਂ ਕੈਨੇਡੀਅਨਜ਼ ਵੱਲੋਂ ਆਪਣਾ ਟੈਕਸ ਫਾਈਲ ਕਰ ਦਿੱਤਾ ਗਿਆ ਹੋਵੇਗਾ ਉਨ੍ਹਾਂ ਵਿੱਚੋਂ ਕੁੱਝ ਨੂੰ 2024 ਦੀ ਕੈਨੇਡਾ ਕਾਰਬਨ ਰੀਬੇਟ ਦੀ ਪਹਿਲੀ ਕਿਸ਼ਤ ਜਲਦ ਹੀ ਮਿਲ ਜਾਵੇਗੀ।

ਅਲਬਰਟਾ, ਸਸਕੈਚਵਨ, ਮੈਨੀਟੋਬਾ, ਓਨਟਾਰੀਓ ਤੇ ਸਾਰੀਆਂ ਚਾਰੇ ਐਟਲਾਂਟਿਕ ਪ੍ਰੋਵਿੰਸਾਂ ਵਿੱਚ ਰਹਿਣ ਵਾਲੇ ਕੁੱਝ ਕੈਨੇਡੀਅਨਜ਼ ਨੂੰ ਅੱਜ ਚਾਰ ਕਿਸ਼ਤਾਂ ਵਿੱਚੋਂ ਪਹਿਲੀ ਕਿਸ਼ਤ ਮਿਲ ਜਾਵੇਗੀ, ਬਸ਼ਰਤੇ ਉਨ੍ਹਾਂ ਵੱਲੋਂ 15 ਮਾਰਚ 2023 ਤੱਕ ਆਪਣੇ ਟੈਕਸ ਭਰਵਾ ਦਿੱਤੇ ਗਏ ਹੋਣਗੇ। ਜਿਨ੍ਹਾਂ ਨੇ 15 ਮਾਰਚ ਤੱਕ ਆਪਣੇ ਟੈਕਸ ਭਰਵਾਏ ਹੋਣਗੇ ਉਨ੍ਹਾਂ ਦੀ ਪਹਿਲੀ ਕਿਸ਼ਤ 15 ਮਈ ਤੱਕ ਆਵੇਗੀ। ਜਿਹੜੇ ਅੱਜ ਤੋਂ ਬਾਅਦ ਆਪਣੇ ਟੈਕਸ ਭਰਵਾਉਣਗੇ ਉਨ੍ਹਾਂ ਨੂੰ ਜੂਨ ਜਾਂ ਜੁਲਾਈ ਤੱਕ ਆਪਣੀ ਪਹਿਲੀ ਕਿਸ਼ਤ ਮਿਲੇਗੀ।



ਇਹ ਅਦਾਇਗੀਆਂ ਘਰਾਂ ਦੇ ਆਕਾਰ ਤੇ ਚਾਰ ਜੀਆਂ ਦੇ ਪਰਿਵਾਰ ਦੇ ਆਧਾਰ ਉੱਤੇ ਹੋਣਗੀਆਂ, ਜਿਵੇਂ ਕਿ ਨਿਊ ਬਰੰਜ਼ਵਿੱਕ ਵਿੱਚ 190 ਡਾਲਰ ਤੋਂ ਅਲਬਰਟਾ ਵਿੱਚ 450 ਡਾਲਰ ਤੱਕ ਹੋਣਗੀਆਂ। ਓਟਵਾ ਵੱਲੋਂ ਇੱਕ ਨਵਾਂ ਆਨਲਾਈਨ ਐਸਟੀਮੇਟਰ ਵੀ ਲਾਂਚ ਕੀਤਾ ਗਿਆ ਹੈ ਜਿਸ ਵਿੱਚ ਦਰਸਾਇਆ ਗਿਆ ਹੋਵੇਗਾ ਕਿ ਤੁਹਾਨੂੰ ਕਿੰਨੀ ਛੋਟ ਮਿਲੇਗੀ।

ਇਨ੍ਹਾਂ ਛੋਟਾਂ ਨੂੰ ਹੋਰ ਸਮਝ ਵਿੱਚ ਆਉਣ ਵਾਲਾ ਬਣਾਉਣ ਵਾਸਤੇ ਓਟਵਾ ਨੇ ਇਸ ਸਾਲ ਇਨ੍ਹਾਂ ਦਾ ਨਾਂ ਕੈਨੇਡਾ ਕਾਰਬਨ ਰੀਬੇਟ ਰੱਖਿਆ ਸੀ ਪਰ ਅਜੇ ਵੀ ਵੱਡੇ ਬੈਂਕਾਂ ਨਾਲ ਸਰਕਾਰ ਦੀ ਗੱਲਬਾਤ ਚੱਲ ਰਹੀ ਹੈ ਕਿ ਜਦੋਂ ਇਹ ਛੋਟ ਤੁਹਾਡੇ ਖਾਤੇ ਵਿੱਚ ਨਜ਼ਰ ਆਵੇਗੀ ਤਾਂ ਉਹ ਕਿਸ ਲੇਬਲ ਦੇ ਹੇਠਾਂ ਨਜ਼ਰ ਆਵੇਗੀ। ਇਹ ਡਿਪੌਜ਼ਿਟ ਕਈ ਵੱਖਰੇ ਨਾਂਵਾਂ ਹੇਠ ਹੋ ਸਕਦਾ ਹੈ ਤੇ ਇਹ ਇਸ ਉੱਤੇ ਵੀ ਨਿਰਭਰ ਕਰੇਗਾ ਕਿ ਤੁਹਾਡਾ ਬੈਂਕ ਕਿੱਥੇ ਹੈ।

# ਜ਼ਿਲ੍ਹੇ ਵਿੱਚ ਇਸ ਵਾਰ ਵੋਟ ਫੀਸਦੀ ਦਾ ਗ੍ਰਾਫ 70 ਤੋਂ ਥੱਲੇ ਨਹੀਂ ਡਿੱਗਣ ਦਿੱਤਾ ਜਾਵੇਗਾ : ਜ਼ਿਲ੍ਹਾ ਚੋਣ ਅਫ਼ਸਰ

### ਜ਼ਿਲ੍ਹਾ ਚੋਣ ਅਫ਼ਸਰ ਨੇ ਸਮੂਹ ਸਹਾਇਕ ਰਿਟਰਨਿੰਗ ਅਫ਼ਸਰਾਂ ਤੇ ਸਬੰਧਤ ਵਿਭਾਗਾਂ ਨਾਲ ਕੀਤੀ ਮੀਟਿੰਗ

ਮੋਗਾ, 15 ਅਪ੍ਰੈਲ (ਪੋਸਟ ਬਿਊਰੋ): ਜ਼ਿਲ੍ਹਾ ਮੋਗਾ ਵਿੱਚ ਵੋਟ ਫੀਸਦੀ ਨੂੰ ਹਰ ਹੀਲੇ 70 ਤੋਂ ਪਾਰ ਕਰਨ ਲਈ ਸਮੂਹ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ.ਜ਼ ਸਬੰਧਤ ਵਿਭਾਗਾਂ ਨਾਲ ਇੱਕਜੁੱਟ ਹੋ ਕੇ ਕੰਮ ਕਰਨ। ਜ਼ਿਲ੍ਹਾ ਮੋਗਾ ਵਿੱਚ ਇਸ ਵਾਰ ਵੋਟ ਫੀਸਦੀ ਦਾ ਗ੍ਰਾਫ਼ 70 ਤੋਂ ਥੱਲੇ ਨਹੀਂ ਡਿੱਗਣ ਦਿੱਤਾ ਜਾਵੇਗਾ। ਸਵੀਪ ਗਤੀਵਿਧੀਆਂ ਨੂੰ ਇਸੇ ਤਰ੍ਹਾਂ ਹੀ ਪੂਰੇ ਉਤਸ਼ਾਹ ਨਾਲ ਜਾਰੀ ਰੱਖਿਆ ਜਾਵੇ। ਦਿਵਿਆਂਗਜਨ, ਬਜ਼ੁਰਗ ਤੇ ਮਹਿਲਾ ਵੋਟਰਾਂ ਵੱਲ ਵਿਸ਼ੇਸ਼ ਧਿਆਨ ਕੇਂਦਰਿਤ ਕਰਕੇ ਗਤੀਵਿਧੀਆਂ ਕਰਵਾਉਣੀਆਂ ਯਕੀਨੀ ਬਣਾਈਆਂ ਜਾਣ ਕਿਉਂਕਿ ਇਹ ਤਿੰਨੋਂ ਵਰਗ ਵੋਟ ਫੀਸਦੀ ਵਿੱਚ ਵਾਧਾ ਕਰਨ ਲਈ ਅਹਿਮ ਰੋਲ ਅਦਾ ਕਰਨਗੇ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਮੋਗਾ ਸ੍ਰ. ਕੁਲਵੰਤ ਸਿੰਘ ਨੇ ਅੱਜ ਲੋਕ ਸਭਾ ਚੋਣਾਂ-2024 ਦੇ ਚੱਲ ਰਹੇ ਕੰਮਾਂ ਦੀ ਸਮੀਖਿਆ ਲਈ ਬੁਲਾਈ ਮੀਟਿੰਗ ਦੌਰਾਨ ਕੀਤਾ। ਇਸ ਮੀਟਿੰਗ ਵਿੱਚ



ਉਨ੍ਹਾਂ ਨਾਲ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ. ਮੋਗਾ ਸ੍ਰ. ਸਾਰੰਗਪ੍ਰੀਤ ਸਿੰਘ, ਸਹਾਇਕ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ. ਬਾਘਾਪੁਰਾਣਾ ਸ੍ਰ. ਹਰਕੰਵਲਜੀਤ ਸਿੰਘ, ਸਹਾਇਕ ਰਿਟਰਨਿੰਗ ਅਫ਼ਸਰ -ਕਮ-ਐਸ.ਡੀ.ਐਮ. ਧਰਮਕੋਟ ਸ੍ਰ. ਜਸਪਾਲ ਸਿੰਘ, ਸਹਇਕ ਕਮਿਸ਼ਨਰ (ਜ) ਮੋਗਾ ਸ਼੍ਰੀਮਤੀ ਸ਼ੁਭੀ ਆਂਗਰਾ, ਸਹਾਇਕ ਸਵੀਪ ਨੋਡਲ ਅਫ਼ਸਰ ਪ੍ਰੋ. ਗੁਰਪ੍ਰੀਤ ਸਿੰਘ ਘਾਲੀ ਤੋਂ ਇਲਾਵਾ ਸਿਹਤ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਸਮੂਹ ਐਨ.ਜੀ.ਓ. ਦੇ ਨੁਮਾਇੰਦੇ ਅਤੇ ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਪ੍ਰਧਾਨ ਤੋਂ ਡਾ. ਸੰਜੀਵ ਮਿੱਤਲ ਵੀ ਮੌਜੂਦ ਸਨ।

ਕੁਲਵੰਤ ਸਿੰਘ ਨੇ ਦਿਵਿਆਂਗ ਤੇ ਬਿਰਧ ਵੋਟਰਾਂ ਨੂੰ ਵੋਟਾਂ ਵਾਲੇ ਦਿਨ ਘਰ ਤੋਂ ਪਿੱਕ ਐਂਡ ਡਰਾਪ ਦੀ ਸੁਵਿਧਾ ਮੁਹੱਈਆ ਕਰਵਾਉਣ ਲਈ ਵਹੀਕਲਾਂ ਦਾ ਪ੍ਰਬੰਧ ਹੁਣੇ ਤੋਂ ਹੀ ਕਰਨ ਦੇ ਆਦੇਸ਼ ਜਾਰੀ ਕੀਤੇ। ਉਨ੍ਹਾਂ ਹਰੇਕ ਪੋਲਿੰਗ ਸਟੇਸ਼ਨ ਉੱਪਰ ਵਲੰਟੀਅਰ ਤੇ ਵੀਹਲ ਚੇਅਰ ਦਾ ਪ੍ਰਬੰਧ ਯਕੀਨੀ ਬਣਾਉਣ ਬਾਰੇ ਵੀ ਕਿਹਾ। ਉਨ੍ਹਾਂ ਦੱਸਿਆ ਕਿ ਵੋਟਰਾਂ ਨੂੰ ਸੁਖਾਵਾਂ ਮਹੌਲ ਦੇਣ ਦੇ ਨਾਲ ਨਾਲ ਪੋਲਿੰਗ ਵਿੱਚ ਲੱਗੇ ਸਟਾਫ਼ ਨੂੰ ਵੀ ਕਿਸੇ ਵੀ ਤਰ੍ਹਾਂ ਦੀ ਸਮਸਿਆ ਨਾ ਆਉਣ ਦਿੱਤੀ ਜਾਵੇ ਉਨ੍ਹਾਂ ਨੂੰ ਵੀ ਹਰੇਕ ਸੁਵਿਧਾ ਪਹਿਲ ਦੇ ਆਧਾਰ ਉੱਪਰ ਮੁਹੱਈਆ ਕਰਵਾਈ ਜਾਵੇ। ਪੋਲਿੰਗ ਸਟਾਫ਼ ਲਈ 31 ਮਈ, ਤੇ 1 ਜੂਨ ਲਈ ਖਾਣੇ ਦਾ ਪ੍ਰਬੰਧ ਵੀ ਯਕੀਨੀ ਬਣਾਇਆ ਜਾਵੇ। ਵੋਟਾਂ ਵਾਲੇ ਦਿਨ ਗਰਮੀ ਹੋਣ ਕਰਕੇ ਹਰੇਕ ਪੋਲਿੰਗ ਬੂਥ ਉੱਪਰ ਪਾਣੀ, ਮੈਡੀਕਲ ਸੁਵਿਧਾਵਾਂ ਆਦਿ ਜਰੂਰੀ ਤੌਰ ਤੇ ਮੁਹੱਈਆ ਕਰਵਾਈਆਂ ਜਾਣ।

ਉਨ੍ਹਾਂ ਦੱਸਿਆ ਕਿ ਘਰ ਤੋਂ ਪਿੱਕ ਐਂਡ ਡਰਾਪ ਦੀ ਸੁਵਿਧਾ ਦੇ ਯੋਗ ਸਾਰੇ ਵੋਟਰਾਂ ਨੂੰ ਸੁਵਿਧਾਵਾਂ ਜ਼ਿਲ੍ਹਾ ਪ੍ਰਸ਼ਾਸ਼ਨ ਤਰਫ਼ੋਂ ਹੀ ਮੁਹੱਈਆ ਕਰਵਾਈਆਂ ਜਾਣਗੀਆਂ ਤਾਂ ਕਿ ਕਿਸੇ ਵੀ ਰਾਜਨੀਤਿਕ ਪਾਰਟੀ ਦਾ ਨੁਮਾਇੰਦਾ ਇਸ ਗੱਲ ਦਾ ਫਾਇਦਾ ਉਠਾ ਕੇ ਵੋਟਰਾਂ ਨੂੰ ਭਰਮਾ ਨਾ ਸਕੇ ਅਤੇ ਚੋਣ ਜਾਬਤੇ ਦੀ ਉਲੰਘਣਾ ਨਾ ਹੋ ਸਕੇ। ਉਨ੍ਹਾਂ ਦੱਸਿਆ ਕਿ ਗਰਮੀ ਦੇ ਮੌਸਮ ਦੇ ਮੱਦੇਨਜ਼ਰ ਹਰੇਕ ਪੋਲਿੰਗ ਸਟੇਸ਼ਨ ਉੱਪਰ ਸਿਹਤ ਵਿਭਾਗ ਦੀਆਂ ਟੀਮਾਂ ਹਾਜ਼ਰ ਰਹਿਣਗੀਆਂ। ਡਿਪਟੀ ਕਮਿਸ਼ਨਰ ਨੇ ਮੀਟਿੰਗ ਵਿੱਚ ਸਮੂਹ ਸਹਾਇਕ ਰਿਟਰਨਿੰਗ ਅਫ਼ਸਰਾਂ ਤੋਂ ਵੋਟਰਾਂ ਨੂੰ ਸੋਖਾਲਾ ਮਹੌਲ ਪ੍ਰਦਾਨ ਕਰਵਾਉਣ ਦੇ ਸੁਝਾਅ ਵੀ ਮੰਗੇ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਹਰ ਵਾਰ ਤਰ੍ਹਾਂ ਵੋਟਰਾਂ ਨੂੰ ਬਿਨ੍ਹਾਂ ਕਿਸੇ ਪ੍ਰੇਸ਼ਾਨੀ ਤੋਂ ਭੈਮੁਕਤ ਆਪਣੀਆਂ ਵੋਟਾਂ ਦਾ ਇਸਤੇਮਾਲ ਕਰਨ ਦਾ ਮਹੌਲ ਦਿੱਤਾ ਜਾਵੇਗਾ।

# ਲੇਕ ਓਨਟਾਰੀਓ ਤੋਂ ਮਿਲੀ 14 ਸਾਲਾ ਲੜਕੇ ਦੀ ਲਾਸ਼




ਟੋਰਾਂਟੋ, 15 ਅਪ੍ਰੈਲ (ਪੋਸਟ ਬਿਊਰੋ) : ਵੀਕੈਂਡ ਉੱਤੇ ਐਸ਼ਬ੍ਰਿਜਿੱਜ਼ ਬੇਅ ਨੇੜੇ ਪਾਣੀ ਵਿੱਚ ਸਵਿਮਿੰਗ ਲਈ ਜਾਣ ਤੋਂ ਬਾਅਦ ਲਾਪਤਾ ਹੋਏ 14 ਸਾਲਾ ਲੜਕੇ ਦੀ ਲਾਸ਼ ਟੋਰਾਂਟੋ ਪੁਲਿਸ ਨੂੰ ਮਿਲ ਗਈ ਹੈ।

ਐਤਵਾਰ ਨੂੰ ਸ਼ਾਮੀਂ 6:00 ਵਜੇ ਦੇ ਨੇੜੇ ਤੇੜੇ ਸਿਟੀ ਦੇ ਪੂਰਬੀ ਸਿਰੇ ਉੱਤੇ ਵੁੱਡਬਾਈਨ ਬੀਚ ਉੱਤੇ ਐਮਰਜੰਸੀ ਅਮਲੇ ਨੂੰ ਸੱਦਿਆ ਗਿਆ। ਸੋਮਵਾਰ ਨੂੰ ਕਾਰਜਕਾਰੀ ਡਿਊਟੀ ਇੰਸਪੈਕਟਰ ਡੈਨ ਪ੍ਰੇਵਿਕਾ ਨੇ ਆਖਿਆ ਕਿ ਇਹ ਲੜਕਾ ਆਪਣੇ ਦੋਸਤਾਂ ਨਾਲ ਪਾਣੀ ਵਿੱਚ ਸਵਿਮਿੰਗ ਲਈ ਗਿਆ ਸੀ ਜਦੋਂ ਉਨ੍ਹਾਂ ਨੂੰ ਉੱਥੇ ਦਿੱਕਤ ਹੋਣ ਲੱਗੀ। ਇਨ੍ਹਾਂ ਵਿੱਚੋਂ ਇੱਕ ਵਿਅਕਤੀ ਤਾਂ ਤੈਰ ਕੇ ਕੰਢੇ ਆ ਗਿਆ ਤੇ ਉਸ ਨੇ ਨੇੜਿਓਂ ਲੰਘ ਰਹੇ ਇੱਕ ਵਿਅਕਤੀ ਨੂੰ ਇਸ ਗੜਬੜੀ ਦੀ ਜਾਣਕਾਰੀ ਦਿੱਤੀ। ਉਸ ਵਿਅਕਤੀ ਨੇ ਪਾਣੀ ਵਿੱਚ ਛਾਲ ਮਾਰ ਕੇ ਟੀਨੇਜਰ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਪਰ ਉਹ ਉਸ ਨੂੰ ਨਹੀਂ ਲੱਭਿਆ। ਫਿਰ ਉਸ ਵੱਲੋਂ 911 ਉੱਤੇ ਕਾਲ ਕੀਤੀ ਗਈ।

ਪੈਰਾਮੈਡਿਕਸ ਨੇ ਦੱਸਿਆ ਕਿ ਉਹ ਇੱਕ ਲੜਕੇ ਨੂੰ ਮਾਮੂਲੀ ਜ਼ਖ਼ਮਾਂ ਨਾਲ ਹਸਪਤਾਲ ਲੈ ਗਏ ਜਦਕਿ ਇੱਕ ਵਿਅਕਤੀ ਦਾ ਇਲਾਜ ਮੌਕੇ ਉੱਤੇ ਹੀ ਕਰ ਦਿੱਤਾ ਗਿਆ। ਉਸ ਟੀਨੇਜਰ ਦੀ ਭਾਲ ਦਿਨ ਰਾਤ ਚੱਲਦੀ ਰਹੀ ਪਰ ਉਸ ਦੀ ਲਾਸ਼ ਸੋਮਵਾਰ ਨੂੰ ਸਵੇਰੇ 9:00 ਵਜੇ ਦੇ ਨੇੜੇ ਤੇੜੇ ਮਿਲੀ। ਇਹ ਪਤਾ ਨਹੀਂ ਲੱਗ ਸਕਿਆ ਕਿ ਪਾਣੀ ਵਿੱਚ ਕੀ ਗੜਬੜੀ ਹੋਈ ਤੇ ਇਹ ਦੋਵੇਂ ਦੋਸਤ ਕਿੰਨੇ ਸਮੇਂ ਤੋਂ ਤੈਰ ਰਹੇ ਸਨ।

# ਸਰਕਾਰੀ ਪ੍ਰਾਇਮਰੀ ਸਕੂਲ ਘੱਲ ਕਲਾਂ ਵਿਖੇ ਪਿੰਡ ਵਾਸੀਆਂ ਨੂੰ ਬਣ ਰਹੀਆਂ ਨਵੀਆਂ ਵੋਟਾਂ ਬਾਰੇ ਕੀਤਾ ਜਾਗਰੂਕ

### ਪਿੰਡ ਵਾਸੀਆਂ ਨੇ ਪੋਲਿੰਗ ਵਿੱਚ ਸ਼ਮੂਲੀਅਤ ਕਰਕੇ ਵੋਟ ਫੀਸਦੀ ਵਧਾਉਣ ਦਾ ਭਰੋਸਾ ਦਿਵਾਇਆ



ਮੋਗਾ, 15 ਅਪ੍ਰੈਲ (ਗਿਆਨ ਸਿੰਘ): ਸਹਾਇਕ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ. ਮੋਗਾ ਸ੍ਰ. ਸਾਰੰਗਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਵੀਆਂ ਵੋਟਾ ਬਣਾਉਣ, ਵੋਟਾਂ ਦੀ ਮਹਤੱਤਾ ਬਾਰੇ ਜਾਗਰੂਕ ਕਰਨ ਲਈ ਸਵੀਪ ਟੀਮ ਵਲੋਂ ਅੱਜ ਬੂਥ ਨੰਬਰ 53, 54 ਸਰਕਾਰੀ ਪ੍ਰਾਇਮਰੀ ਸਕੂਲ ਘੱਲ ਕਲਾਂ ਵਿਖੇ ਸਵੀਪ ਗਤੀਵਿਧੀਆਂ ਆਯੋਜਿਤ ਕੀਤੀਆਂ ਗਈਆਂ। ਇਸ ਦੌਰਾਨ ਸੈਕਟਰ ਅਫ਼ਸਰ ਰੋਹਿਤ ਸਿੰਗਲਾ ਦੀ ਦੇਖ ਰੇਖ ਅਧੀਨ ਬੀ.ਐਲ.ਓਜ਼ ਨੇ ਵਿਦਿਆਰਥੀਆ ਦੇ ਮਾਪਿਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਨਵੀਆਂ ਬਣ ਰਹੀਆਂ ਵੋਟਾਂ ਬਾਰੇ ਜਾਗਰੂਕ ਕੀਤਾ।

ਉਨ੍ਹਾਂ ਸਕੂਲੀ ਵਿਦਿਆਰਥੀਆਂ ਦੇ ਮਾਪਿਆਂ ਨਾਲ ਮੁਲਾਕਾਤ ਦੌਰਾਨ ਵੋਟਾਂ ਵਾਲੇ ਦਿਨ ਵੋਟਰਾਂ ਨੂੰ ਚੋਣ ਕਮਿਸ਼ਨ ਵਲੋ ਮਿਲਣ ਵਾਲੀਆਂ ਸਹੂਲਤਾਂ ਜਿਵੇਂ ਕੇ ਪੀਣ ਵਾਲਾ ਪਾਣੀ, ਵੀਲਚੇਅਰ, ਗਰਮੀ ਤੋਂ ਬਚਣ ਲਈ ਕਵਰ ਸ਼ੈਡ, ਮੈਡੀਕਲ ਸਹੂਲਤ, ਬਜ਼ੁਰਗ ਵੋਟਰਾ ਲਈ ਆਉਣ ਜਾਣ ਦਾ ਸਾਧਨ ਦੀ ਸਹੂਲਤ ਆਦਿ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਹਾਜ਼ਰੀਨ ਨੂੰ ਦੱਸਿਆ ਕਿ ਇਸ ਵਾਰ ਉਹ ਆਪਣੇ ਪਰਿਵਾਰ ਸਮੇਤ ਪੋਲਿੰਗ ਬੂਥਾਂ ਉੱਪਰ ਹਾਜ਼ਰ ਹੋ ਕੇ ਬਿਨ੍ਹਾਂ ਕਿਸੇ ਪ੍ਰੇਸ਼ਾਨੀ ਤੋਂ ਵੋਟ ਪਾਉਣ ਅਤੇ ਵੋਟ ਫੀਸਦੀ ਵਿੱਚ ਵਾਧਾ ਕਰਨ ਲਈ ਯੋਗਦਾਨ ਦੇਣ। ਉਨ੍ਹਾਂ ਦੱਸਿਆ ਕਿ ਮੌਲਿਕ ਅਧਿਕਾਰਾਂ ਵਿੱਚ ਆਉਂਦੇ ਵੋਟ ਦੇ ਅਧਿਕਾਰ ਦੀ ਵਰਤੋਂ ਸਾਨੂੰ ਸਭ ਨੂੰ ਬਿਨ੍ਹਾਂ ਕਿਸੇ ਲਾਲਚ ਅਤੇ ਡਰ ਤੋਂ ਕਰਨੀ ਚਾਹੀਦੀ ਹੈ, ਕਿਉਂਕਿ ਇਸ ਜਰੀਏ ਹੀ ਅਸੀਂ ਇੱਕ ਮਜ਼ਬੂਤ ਲੋਕਤੰਤਰ ਦਾ ਨਿਰਮਾਣ ਕਰ ਸਕਦੇ ਹਾਂ। ਇਸ ਮੌਕੇ ਹਾਜ਼ਰੀਨ ਨੇ ਪੋਲਿੰਗ ਵਿੱਚ ਸ਼ਮੂਲੀਅਤ ਕਰਕੇ ਵੋਟ ਫੀਸਦੀ ਵਿੱਚ ਵਾਧਾ ਕਰਨ ਦਾ ਭਰੋਸਾ ਦਿਵਾਇਆ।

# ਲੋਕ ਸਭਾ ਚੋਣਾਂ-2024 ਨੂੰ ਮੱਦੇਨਜ਼ਰ ਰੱਖਿਦਿਆਂ ਜ਼ਿਲ੍ਹੇ ਦੇ ਸੈਕਟਰ ਸੁਪਰਵਾਈਜ਼ਰਾਂ ਨੂੰ ਪੋਲ ਐਕਟੀਵਿਟੀ ਮੈਨੇਜਮੈਂਟ ਸਿਸਟਮ ਦੀ ਦਿੱਤੀ ਗਈ ਸਿਖਲਾਈ

ਫਿਰੋਜ਼ਪੁਰ, 15 ਅਪ੍ਰੈਲ (ਗਿਆਨ ਸਿੰਘ ): ਭਾਰਤ ਚੋਣ ਕਮਿਸ਼ਨ ਵੱਲੋਂ ਲੋਕ ਸਭਾ ਚੋਣਾਂ-2024 ਨੂੰ ਮੱਦੇਨਜ਼ਰ ਰੱਖਿਦਿਆਂ ਆਨਲਾਈਨ ਵੀਡੀਓ ਕਾਨਫਰਸਿੰਗ ਰਾਹੀਂ ਜ਼ਿਲ੍ਹੇ ਦੇ ਸੈਕਟਰ ਸੁਪਰਵਾਈਜ਼ਰਾਂ ਨੂੰ ਪੀ.ਏ.ਐੱਮ.ਐੱਸ (ਪੋਲ ਐਕਟੀਵਿਟੀ ਮੋਨੀਟਰਿੰਗ ਸਿਸਟਮ) ਦੀ ਸਿਖਲਾਈ ਦਿੱਤੀ ਗਈ। ਜਿਸ ਵਿੱਚ ਚੋਣਾਂ ਵਾਲੇ ਦਿਨ ਦਾ ਵੇਰਵਾ ਅਤੇ ਕਾਰਵਾਈ ਸਹੀ ਤਰੀਕੇ ਨਾਲ ਕਰਨ ਬਾਰੇ ਸੰਖੇਪ ਸਹਿਤ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤਹਿਸੀਲਦਾਰ ਚੋਣਾਂ ਸ਼੍ਰੀ. ਚਾਂਦ ਪ੍ਰਕਾਸ਼ ਨੇ ਦੱਸਿਆ ਕਿ ਜ਼ਿਲ੍ਹਾ ਚੋਣ ਅਫਸਰ ਰਾਜੇਸ਼ ਧੀਮਾਨ ਦੇ ਦਿਸ਼ਾ ਨਿਰਦੇਸ਼ਾ ਹੇਠ ਚੋਣ ਅਮਲੇ ਨੂੰ ਲੋਕ ਸਭਾ ਚੋਣਾਂ ਨੂੰ ਸਫਲਤਾਪੂਰਵਕ ਤੇ ਸਹੀ ਢੰਗ ਨਾਲ ਨੇਪਰੇ ਚਾੜਨ ਲਈ ਲਗਾਤਾਰ ਟ੍ਰੇਨਿੰਗਾਂ ਦਿੱਤੀਆਂ ਜਾ ਰਹੀਆਂ ਹਨ।

# ਧਰਮਕੋਟ ਵਾਸੀਆਂ ਨੂੰ ਰੈਲੀ ਜਰੀਏ ਮਤਦਾਨ ਵਿੱਚ ਹਿਸਾ ਲੈਣ ਦਾ ਦਿੱਤਾ ਸੰਦੇਸ਼




ਧਰਮਕੋਟ, 15 ਅਪ੍ਰੈਲ ( ਗਿਆਨ ਸਿੰਘ ): ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਮੋਗਾ ਕੁਲਵੰਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਤੇ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ. ਧਰਮਕੋਟ ਸ੍ਰ. ਜਸਪਾਲ ਸਿੰਘ ਬਰਾੜ ਦੀ ਯੋਗ ਅਗਵਾਈ ਹੇਠ ਧਰਮਕੋਟ ਦੀ ਸਵੀਪ ਟੀਮ ਵੱਲੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਧਰਮਕੋਟ ਦੀ ਸਵੀਪ ਦੇ ਸਹਿਯੋਗ ਨਾਲ ਵੋਟਰ ਜਾਗਰੂਕਤਾ ਰੈਲੀ ਕੱਢੀ ਗਈ। ਇਸ ਟੀਮ ਵਿੱਚ ਡਾ. ਰਾਜੀਵ ਕੁਮਾਰ, ਅਮਰਬੀਰ ਸਿੰਘ, ਰਣਜੀਤ ਸਿੰਘ, ਸਤੀਸ਼ ਕੁਮਾਰ ਆਦਿ ਹਾਜ਼ਰ ਸਨ। ਐਸ.ਡੀ.ਐਮ. ਧਰਮਕੋਟ ਸ੍ਰ. ਜਸਪਾਲ ਸਿੰਘ ਨੇ ਦੱਸਿਆ ਕਿ ਇਸ ਰੈਲੀ ਜਰੀਏ 1 ਜੂਨ ,2024 ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ਲਈ ਵੋਟਰਾਂ ਨੂੰ ਨਿਰਪੱਖ ਹੋ ਕੇ ਬਿਨਾਂ ਕਿਸੇ ਭੇਦਭਾਵ ਜਾਂ ਲਾਲਚ ਦੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ।

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**












**Grand Upholstery Ltd**
**Sofa Company** Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

# 5000 ਰੁਪਏ ਰਿਸ਼ਵਤ ਲੈਂਦਾ ਏ.ਐਸ. ਆਈ. ਵਿਜੀਲੈਂਸ ਬਿਊਰੋ ਵੱਲੋਂ ਕਾਬੂ

ਚੰਡੀਗੜ੍ਹ, 15 ਅਪ੍ਰੈਲ (ਗਿਆਨ ਸਿੰਘ): ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲ ਰਹੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਅਜਨਾਲਾ, ਅੰਮ੍ਰਿਤਸਰ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਨਛੱਤਰ ਸਿੰਘ ਨੂੰ 5000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਿਸ ਮੁਲਾਜ਼ਮ ਨੂੰ ਬਲਾਕ ਫਤਿਹਗੜ੍ਹ ਚੂੜੀਆਂ ਦੇ ਪਿੰਡ ਸ਼ਮਸ਼ੇਰਪੁਰ ਵਾਸੀ ਅਵਤਾਰ ਸਿੰਘ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਸ



ਦੇ ਲੜਕੇ ਵਿਰੁੱਧ ਥਾਣਾ ਸਦਰ ਵਿੱਚ ਦਰਜ ਕੇਸ ਦੀ ਤਫਤੀਸ਼ ਦੌਰਾਨ ਉਸ ਦੇ ਲੜਕੇ ਦਾ ਪੱਖ ਲੈਣ ਬਦਲੇ ਉਕਤ ਮੁਲਜ਼ਮ ਨੇ ਉਸ ਕੋਲੋਂ 10,000 ਰੁਪਏ ਦੀ ਮੰਗ ਕੀਤੀ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾ ਕੇ ਉਕਤ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਕੋਲੋਂ 5000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ ਉਕਤ ਮੁਲਜ਼ਮ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਥਾਣਾ ਵਿਜੀਲੈਂਸ ਬਿਊਰੋ, ਅੰਮ੍ਰਿਤਸਰ ਰੇਂਜ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਉਸ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

TechSpirit
Consultation, Installation & Servicing
Specialized in:
• Analog & IP security cameras • Installation & Maintenance, Upgrade • Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਉਰਿਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal, Co-Host
Iqbal Mahal, Producer & Host
Serving the South Asian Community Since 1976

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਮੁੱਖ ਚੋਣ ਘੋਸ਼ਣਾ ਪੱਤਰਾਂ 'ਚੋਂ ਸਿੱਖਿਆ ਗਾਇਬ ਕਿਉਂ ?

-ਗੁਰਮੀਤ ਸਿੰਘ ਪਲਾਹੀ-
9815802070

ਲੋਕ ਸਭਾ ਚੋਣਾਂ ਲਈ ਸਿਆਸੀ ਪਾਰਟੀਆਂ ਆਪਣਾ ਚੋਣ ਮੈਨੀਫੈਸਟੋ ਜਾਰੀ ਕਰ ਰਹੀਆਂ ਹਨ। ਵੱਡੇ-ਵੱਡੇ ਲੋਕ ਲੁਭਾਉਣੇ ਵਾਇਦੇ, ਗਰੰਟੀਆਂ, ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਹਨ। ਵਿਕਾਸ, ਪ੍ਰੀਵਰਤਨ, ਸੰਵਿਧਾਨਿਕ ਰਾਖੀ, ਗਰੀਬੀ ਹਟਾਓ, ਰੁਜ਼ਗਾਰ ਦੇਣ, ਔਰਤਾਂ ਦੇ ਸਸ਼ਕਤੀਕਰਨ, ਇੱਕ ਰਾਸ਼ਟਰ ਇੱਕ ਚੋਣ, ਘੱਟ ਗਿਣਤੀ ਦੀ ਸੁਰੱਖਿਆ, ਸਮਾਜਿਕ ਸੁਰੱਖਿਆ ਆਦਿ ਚੋਣ ਮੈਨੀਫੈਸਟੋ ਦਾ ਧੁਰਾ ਬਣਾਏ ਜਾ ਰਹੇ ਹਨ। ਪਰ ਲੋਕਾਂ ਲਈ ਸਿੱਖਿਆ ਅਤੇ ਹਰ ਇੱਕ ਲਈ ਬਰਾਬਰ ਦੀ ਸਿੱਖਿਆ ਦੀ ਗਰੰਟੀ, ਪਾਰਟੀਆਂ ਦੇ ਚੋਣ ਮੈਨੀਫੈਸਟੋ ਵਿਚੋਂ ਲੁਪਤ ਹੈ।

ਦੇਸ਼ ਨੂੰ ਅੰਗਰੇਜ਼ ਸਾਮਰਾਜ ਦੀ ਗੁਲਾਮੀ ਤੋਂ ਆਜ਼ਾਦ ਹੋਇਆਂ ਪੌਣੀ ਸਦੀ ਤੋਂ ਵੱਧ ਦਾ ਸਮਾਂ ਬੀਤ ਚੁੱਕਾ ਹੈ। ਕੁਝ ਸਿਆਸੀ ਪਾਰਟੀਆਂ, ਜਿਹੜੀਆਂ ਇੱਕ ਸਦੀ ਤੋਂ ਵੱਧ ਦਾ ਸਿਆਸੀ ਸਫ਼ਰ ਪੂਰਾ ਕਰ ਚੁੱਕੀਆਂ ਹਨ, ਉਹ ਦੇਸ਼ ਦੀਆਂ ਹਾਕਮ ਬਣ ਦੇਸ਼ 'ਚੋਂ ਗਰੀਬੀ, ਭੁੱਖਮਰੀ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਖ਼ਤਮ ਕਰਨ ਅਤੇ ਦੇਸ਼ ਦੇ ਵਿਕਾਸ ਲਈ ਯਤਨਸ਼ੀਲ ਰਹੀਆਂ ਹਨ। ਸਮੇਂ-ਸਮੇਂ ਮਨੁੱਖ ਦੀਆਂ ਬੁਨਿਆਦੀ ਲੋੜਾਂ ਸਿਹਤ, ਸਿੱਖਿਆ, ਚੰਗਾ ਵਾਤਾਵਰਨ ਮੁਹੱਈਆ ਕਰਨ ਲਈ ਉਹਨਾ ਵਲੋਂ ਨੀਤੀਆਂ ਨਿਰਧਾਰਤ ਕੀਤੀਆਂ ਗਈਆਂ ਹਨ।

ਆਓ ਵੇਖੀਏ ਮਨੁੱਖ ਦੀ ਮੁੱਖ ਲੋੜ ਸਿੱਖਿਆ ਦਾ ਸਫ਼ਰ ਭਾਰਤ ਦੇਸ਼ 'ਚ ਕਿੰਨਾ ਕੁ ਤਹਿ ਹੋਇਆ ਹੈ ਅਤੇ ਸਿਆਸੀ ਪਾਰਟੀਆਂ ਭਾਰਤੀਆਂ ਦੀ ਇਸ ਬੁਨਿਆਦੀ ਲੋੜ ਨੂੰ ਕਿੰਨੀ ਕੁ ਸੰਜੀਦਗੀ ਨਾਲ ਪੱਲੇ ਬੰਨੀ ਬੈਠੀਆਂ ਹਨ।

ਦੇਸ਼ ਵਿੱਚ ਫਿਲਹਾਲ ਲਗਭਗ 400 ਯੂਨੀਵਰਸਿਟੀਆਂ ਅਤੇ 20,000 ਉੱਚ ਸਿੱਖਿਆ ਦੇਣ ਵਾਲੀਆਂ ਸੰਸਥਾਵਾਂ ਹਨ। ਇਹਨਾ ਵਿੱਚ 7 ਲੱਖ ਤੋਂ ਜ਼ਿਆਦਾ ਕਾਲਜ/ਯੂਨੀਵਰਸਿਟੀਆਂ ਵਿੱਚ ਡੇਢ ਕਰੋੜ (ਇੱਕ ਕਰੋੜ 50 ਲੱਖ) ਤੋਂ ਜਿਆਦਾ ਵਿਦਿਆਰਥੀ ਸਿੱਖਿਆ ਪ੍ਰਾਪਤ ਕਰਦੇ ਹਨ। ਪਰ ਇਹ ਤੱਥ ਹੈਰਾਨੀ ਕਰਨ ਵਾਲਾ ਹੈ ਕਿ ਕੋਈ ਵੀ ਯੂਨੀਵਰਸਿਟੀ ਜਾਂ ਸਿੱਖਿਆ ਸੰਸਥਾ ਉਸ ਪੱਧਰ ਦੀ ਸਿੱਖਿਆ ਦੇਣ ਦੇ ਕਾਬਲ ਨਹੀਂ, ਜਿਸਦੇ ਕਾਰਨ ਉਸਨੂੰ ਦੁਨੀਆ ਦੇ ਅੱਵਲ ਇੱਕ ਸੌ ਯੂਨੀਵਰਸਿਟੀਆਂ 'ਚ ਸ਼ਾਮਲ ਕੀਤਾ ਜਾ ਸਕੇ। ਅੱਛੀ ਸਿੱਖਿਆ ਦੇਣ ਦੀ ਇਸ ਤੋਟ ਕਾਰਨ ਉੱਚੀ ਗੁਣਵੱਤਾ ਸਿੱਖਿਆ ਪ੍ਰਾਪਤ ਕਰਨ ਦੇ ਮੰਤਵ ਨਾਲ ਹਰ ਸਾਲ ਭਾਰਤ ਵਿੱਚੋਂ ਡੇਢ ਤੋਂ ਪੌਣੇ ਦੋ ਲੱਖ ਵਿਦਿਆਰਥੀ ਵਿਦੇਸ਼ਾਂ 'ਚ ਉੱਚ ਸਿੱਖਿਆ ਲਈ ਜਾਣ ਵਾਸਤੇ ਮਜ਼ਬੂਰ ਹਨ।

ਕੁਝ ਵਰ੍ਹੇ ਪਹਿਲਾਂ "ਐਸੋਚੈਮ" ਨੇ ਟਾਟਾ ਇਨਸਟੀਚੀਊਟ ਆਫ਼ ਸੋਸ਼ਲ ਸਾਇੰਸਿਜ਼ ਦੇ ਨਾਲ ਮਿਲਕੇ ਇੱਕ ਸਰਵੇਖਣ ਤਿਆਰ ਕੀਤਾ ਹੈ। ਉਸ ਵਿੱਚ ਦੱਸਿਆ ਗਿਆ ਹੈ ਕਿ ਭਾਰਤੀ ਮਾਪੇ ਹਰ ਸਾਲ ਆਪਣੇ ਬੱਚਿਆਂ ਦੀ ਸਿੱਖਿਆ ਉਤੇ ਛੇ ਤੋਂ ਸੱਤ ਅਰਬ ਡਾਲਰ ਖ਼ਰਚ ਕਰਦੇ ਹਨ। ਦੇਸ਼ ਦੀ ਉੱਚ ਸਿੱਖਿਆ ਦੀ ਵਿਦੇਸ਼ੀ ਯੂਨੀਵਰਸਿਟੀਆਂ 'ਤੇ ਨਿਰਭਰਤਾ, ਜਾਇਜ਼ ਨਹੀਂ ਹੈ। ਇਸ ਗੰਭੀਰ ਮਸਲੇ ਵੱਲ ਕਦੇ ਸਿਆਸੀ ਧਿਰਾਂ ਨੇ ਧਿਆਨ ਨਹੀਂ ਦਿੱਤਾ। ਉਲਟਾ ਉੱਚ ਸਿੱਖਿਆ ਖੇਤਰ ਨੂੰ ਸਮੇਂ-ਸਮੇਂ ਦੀਆਂ ਸਿਆਸੀ ਧਿਰਾਂ ਨੇ ਆਪਣੇ ਗਲੋਂ ਲਾਹੁਣ ਦਾ ਹੀ ਯਤਨ ਕੀਤਾ।



ਸਿੱਖਿਆ, ਉੱਚ ਸਿੱਖਿਆ ਨਾਲ ਜੜ੍ਹੋਂ ਜੁੜਿਆ ਇੱਕ ਮੁੱਦਾ ਭਾਸ਼ਾ ਦਾ ਹੈ। ਅਸੀਂ ਭਾਸ਼ਾਵਾਂ ਦੇ ਮਾਧਿਅਮ ਰਾਹੀਂ ਜਿਥੇ ਕੁਦਰਤੀ ਅਤੇ ਸਮਾਜਿਕ ਵਰਤਾਰਿਆਂ ਨਾਲ ਸਾਂਝ ਪਾਉਂਦੇ ਹਾਂ, ਉਥੇ ਭਾਸ਼ਾ ਹੀ ਮਾਧਿਆਮ ਹੈ, ਜਿਸ ਨਾਲ ਮਾਨਸਿਕ ਵਿਕਾਸ ਦਾ ਢਾਂਚਾ ਖੜਾ ਕਰਦੇ ਹਾਂ, ਕਿਉਂਕਿ ਇਸ ਵਿਕਾਸ ਦੇ ਨਾਲ ਹੀ ਸਾਡੀ ਭਾਸ਼ਾ ਜੁੜੀ ਹੁੰਦੀ ਹੈ। ਉਂਜ ਵੀ ਖੇਤਰੀ ਭਾਸ਼ਾਵਾਂ ਅਤੇ ਬੋਲੀਆਂ ਸਾਡਾ ਸਭਿਆਚਾਰਕ ਵਿਰਸਾ ਹਨ। ਸਾਲ 2011 ਦੀ ਮਰਦਮਸ਼ੁਮਾਰੀ ਅਨੁਸਾਰ ਦੇਸ਼ ਵਿੱਚ 121 ਬੋਲੀਆਂ ਅਤੇ 234 ਮਾਂ ਬੋਲੀਆਂ ਹਨ। ਇਹਨਾ ਵਿੱਚ ਉਹ ਬੋਲੀਆਂ ਸ਼ਾਮਲ ਨਹੀਂ ਹਨ, ਜਿਹਨਾ ਨੂੰ ਬੋਲਣ ਵਾਲਿਆਂ ਦੀ ਗਿਣਤੀ 10,000 ਤੋਂ ਘੱਟ ਹੈ। ਭਾਰਤ ਵਿੱਚ ਇਹ ਸਾਰੀਆਂ ਬੋਲੀਆਂ ਅਤੇ ਸਥਾਨਕ ਬੋਲੀਆਂ ਅੰਗਰੇਜ਼ੀ ਦੇ ਪ੍ਰਭਾਵ ਨਾਲ ਇਸ ਡਿਜ਼ੀਟਲ ਯੁੱਗ 'ਚ ਖ਼ਾਸ ਕਰਕੇ ਖ਼ਤਮ ਹੋ ਰਹੀਆਂ ਹਨ ਜਾਂ ਸੰਕਟ ਵਿੱਚ ਹਨ, ਕਿਉਂਕਿ ਅੰਗਰੇਜ਼ੀ ਭਾਸ਼ਾ ਵਪਾਰ, ਪ੍ਰਬੰਧਕੀ ਖੇਤਰ, ਮੈਡੀਕਲ, ਭੌਤਿਕੀ ਸਿੱਖਿਆ ਦਾ ਪ੍ਰਮੁੱਖ ਅਧਾਰ ਬਣਾਈ ਗਈ ਹੋਈ ਹੈ। ਜਦ ਕਿ ਨਵੇਂ ਭਾਰਤ ਦੀ ਸਿਰਜਨਾ ਲਈ ਮਾਂ ਬੋਲੀਆਂ ਦੇ ਪ੍ਰਚਲਣ ਅਤੇ ਪਾਠ ਪੁਸਤਕਾਂ, ਰੁਜ਼ਗਾਰ ਅਤੇ ਤਕਨੀਕ ਦੀ ਭਾਸ਼ਾ ਬਣਾਏ ਜਾਣ ਦੀ ਲੋੜ ਸੀ, ਪਰ ਸਾਡੀਆਂ ਸਿੱਖਿਆ ਨੀਤੀਆਂ ਬਨਾਉਣ ਵਾਲੇ ਹਾਕਮ ਇਸ ਮਸਲੇ 'ਚ ਚੁੱਪੀ ਵੱਟ ਕੇ ਬੈਠੇ ਰਹੇ। ਜਿਸ ਨਾਲ ਦੇਸ਼ ਦੀ ਨੌਜਵਾਨ ਪੀੜੀ ਦਾ ਮੋਹ ਆਪਣੀ ਬੋਲੀਆਂ ਤੋਂ ਭੰਗ ਹੋਇਆ ਅਤੇ ਕਈ ਹਾਲਤਾਂ 'ਚ ਉਹ ਆਪਣੀ ਬੋਲੀ ਕਾਰਨ ਹੀਣ ਭਾਵਨਾ ਦਾ ਸ਼ਿਕਾਰ ਵੀ ਹੋਏ।

ਸਿੱਖਿਆ ਦਾ ਮੂਲ ਮੰਤਵ ਮਾਨਸਿਕ ਵਿਕਾਸ, ਉਹ ਵੀ ਆਪਣੇ ਮਨ ਦੀ ਸਾਂਝ ਵਾਲੀ ਭਾਸ਼ਾ ਨਾਲ ਹੀ ਪੂਰਨ, ਸੰਤੁਲਿਤ ਅਤੇ ਸੁਖਾਵਾਂ ਹੋ ਸਕਦਾ ਹੈ, ਜਿਸ ਤੋਂ ਭਾਰਤੀ ਹਾਕਮਾਂ ਨੇ ਆਪਣੇ ਦੇਸ਼ ਵਾਸੀਆਂ ਨੂੰ ਵਿਰਵਾ ਰੱਖਿਆ ਅਤੇ ਉਹਨਾ ਸਾਹਵੇਂ ਅੰਗਰੇਜ਼ੀ ਅਤੇ ਹਿੰਦੀ ਭਾਸ਼ਾ ਨੂੰ ਪ੍ਰੋਸਣ ਦਾ ਹੀ ਯਤਨ ਹੋਇਆ ।

ਦੇਸ਼ ਦੇ ਨਾਗਰਿਕਾਂ ਲਈ ਦੇਸ਼ ਦਾ ਸੰਵਿਧਾਨ ਦੀ ਧਾਰਾ 14, ਮੁਢਲਾ ਅਧਿਕਾਰ ਹੈ। ਸੰਵਿਧਾਨ 'ਚ 86ਵੀਂ ਸੋਧ ਕਰਕੇ 21-ਏ ਧਾਰਾ ਜੋੜੀ ਗਈ, ਜਿਸ ਅਨੁਸਾਰ 6 ਤੋਂ 14 ਸਾਲ ਦੇ ਬੱਚਿਆਂ ਲਈ ਮੁਫ਼ਤ ਸਿੱਖਿਆ ਦਾ ਸਮਾਧਾਨ ਕੀਤਾ ਗਿਆ। ਸੁਪਰੀਮ ਕੋਰਟ ਅਨੁਸਾਰ "ਸਿੱਖਿਆ ਦਾ ਅਧਿਕਾਰ, ਸਾਡੀ ਜ਼ਿੰਦਗੀ ਦਾ ਅਧਿਕਾਰ ਹੈ"। ਤਦ ਵੀ ਦੇਸ਼ ਦੇ ਹਰ ਨਾਗਰਿਕ ਨੂੰ ਬਰਾਬਰ ਦੀ ਸਿੱਖਿਆ ਨਹੀਂ ਮਿਲ ਰਹੀ।

ਦੇਸ਼ ਵਿੱਚ 1968,1986,1992 ਅਤੇ 2020 'ਚ ਸਿੱਖਿਆ ਨੀਤੀਆਂ ਘੜੀਆਂ ਗਈਆਂ। 2009 'ਚ ਮੁਢਲਾ ਮੁਫ਼ਤ ਸਿੱਖਿਆ ਐਕਟ ਬਣਾਇਆ ਗਿਆ। ਕਈ ਸਿੱਖਿਆ ਕਮਿਸ਼ਨ ਬਣੇ। ਉੱਚ ਸਿੱਖਿਆ ਸੰਸਥਾਵਾਂ ਦਾ ਗਠਨ ਹੋਇਆ। ਕੇਂਦਰ ਅਤੇ ਸੂਬਾ ਸਰਕਾਰਾਂ ਵਲੋਂ ਸਿੱਖਿਆ ਪ੍ਰਦਾਨ ਕਰਨ ਦੇ ਵੱਡੇ ਦਾਅਵੇ ਵੀ ਹੋਏ। ਬਹੁਤੀਆਂ ਹਾਲਤਾਂ 'ਚ ਇਹ ਦਾਅਵੇ ਖੋਖਲੇ ਹਨ। ਪ੍ਰਾਇਮਰੀ ਸਿੱਖਿਆ ਅਧਿਆਪਕਾਂ ਦੀ ਪੂਰੀ ਨਿਯੁਕਤੀ ਨਹੀਂ, ਵੱਡੀ ਗਿਣਤੀ 'ਚ ਵਿਦਿਆਰਥੀ ਘਰੇਲੂ ਮਜ਼ਬੂਰੀਆਂ ਕਾਰਨ ਸਕੂਲ ਛੱਡ ਜਾਂਦੇ ਹਨ, ਲੜਕਿਆਂ ਦੇ ਮੁਕਾਬਲੇ ਲੜਕੀਆਂ ਦਾ ਸਕੂਲਾਂ 'ਚ ਬਰਾਬਰ ਦਾ ਦਾਖ਼ਲਾ ਸਮਾਜਿਕ ਕਾਰਨਾਂ ਕਾਰਨ ਨਹੀਂ ਹੋ ਰਿਹਾ।

ਦੇਸ਼ ਵਿੱਚ ਕੁੱਲ ਸਕੂਲਾਂ ਦੀ ਗਿਣਤੀ 15,11,802 ਹੈ, ਜਿਸ ਵਿਚੋਂ 9,23,296 ਸਰਕਾਰੀ ਖੇਤਰ 5,88506 ਪ੍ਰਾਈਵੇਟ ਖੇਤਰ ਵਿੱਚ ਹਨ। 2011 ਦੀ ਮਰਦਮਸ਼ੁਮਾਰੀ ਅਨੁਸਾਰ ਸਾਖਰਤਾ ਦਰ 77.7 ਹੈ, ਜਿਸ ਵਿਚੋਂ ਮਰਦਾਂ ਦੀ ਸਾਖਰਤਾ ਦਰ 84.6 ਅਤੇ ਔਰਤਾਂ ਦੀ 70.3 ਫ਼ੀਸਦੀ ਹੈ। ਭਾਵ 30 ਫ਼ੀਸਦੀ ਔਰਤਾਂ ਲੜਕੀਆਂ ਕੋਰੀਆਂ ਅਨਪੜ੍ਹ ਹਨ। ਪ੍ਰਾਇਮਰੀ ਸਕੂਲਾਂ 'ਚ 95 ਫੀਸਦੀ ਬੱਚੇ ਦਾਖ਼ਲ ਹੁੰਦੇ ਹਨ, ਜਿਹੜੇ ਸੈਕੰਡਰੀ ਪੱਧਰ ਤੱਕ 69 ਫ਼ੀਸਦੀ ਰਹਿ ਜਾਂਦੇ ਹਨ ਅਤੇ ਪੋਸਟ ਸੈਕੰਡਰੀ ਤੱਕ ਪੁੱਜਦਿਆਂ ਇਹਨਾ ਦੀ ਦਰ 25 ਫ਼ੀਸਦੀ ਰਹਿ ਜਾਂਦੀ ਹੈ।

ਅਸਲ ਵਿੱਚ ਦੇਸ਼ ਦੀ ਪ੍ਰਾਇਮਰੀ, ਸੈਕੰਡਰੀ ਸਿੱਖਿਆ ਤੋਂ ਲੈਕੇ ਉੱਚ ਸਿੱਖਿਆ ਦਾ ਦੇਸ਼ ਵਿੱਚ ਬੁਰਾ ਹਾਲ ਹੈ। ਹਾਕਮ ਧਿਰ ਨੇ, ਭਾਵੇਂ ਉਹ ਕੇਂਦਰ ਵਿੱਚ ਰਾਜ ਕਰਦੀ ਹੈ ਜਾਂ ਸੂਬਿਆਂ ਵਿੱਚ, ਸਿੱਖਿਆ ਨੂੰ ਸਰਕਾਰੀ ਫ਼ਰਜ਼ਾਂ ਤੋਂ ਦੂਰ ਕਰਕੇ ਨਿੱਜੀ ਹੱਥਾਂ 'ਚ ਦੇ ਦਿੱਤਾ ਹੈ, ਜਿਹਨਾ ਵਲੋਂ ਸਿੱਖਿਆ ਦਾ ਵਪਾਰੀਕਰਨ ਕਰ ਦਿੱਤਾ ਹੈ। ਦੇਸ਼ ਵਿੱਚ ਪਬਲਿਕ, ਮਾਡਲ ਸਕੂਲਾਂ ਦੀ ਭਰਮਾਰ ਹੋ ਗਈ ਹੈ। ਪ੍ਰਾਈਵੇਟ, ਪ੍ਰੋਫੈਸ਼ਨਲ ਯੂਨੀਵਰਸਿਟੀਆਂ, ਕਾਲਜ ਖੋਲ੍ਹ ਕੇ ਸਰਕਾਰਾਂ ਨੇ ਸਿੱਖਿਆ ਦੇ ਨਿੱਜੀਕਰਨ ਨੂੰ ਪ੍ਰਵਾਨ ਕਰ ਲਿਆ ਹੈ, ਜੋ ਮਿਠਾਈਆਂ ਵਾਂਗਰ ਨਵੇਂ ਸਿਲੇਬਸ, ਕੋਰਸ ਬਣਾਕੇ ਡਿਗਰੀਆਂ ਵੇਚ ਰਹੇ ਹਨ। ਉਹਨਾ ਉਤੇ ਕੋਈ ਰੋਕ ਵੀ ਨਹੀਂ। ਇਹਨਾ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਪ੍ਰਾਈਵੇਟ ਮੈਡੀਕਲ ਕਾਲਜਾਂ ਵਿੱਚ ਸਧਾਰਨ ਮਜ਼ਦੂਰ, ਕਿਸਾਨ ਪਰਿਵਾਰਾਂ ਦੇ ਬੱਚੇ ਸਿੱਖਿਆ ਪ੍ਰਾਪਤ ਨਹੀਂ ਕਰ ਸਕਦੇ, ਕਿਉਂਕਿ ਉਹ ਸਾਧਨ ਵਿਹੂਣੇ ਹਨ। ਇੰਜ ਸਾਰਿਆਂ ਲਈ ਬਰਾਬਰ ਦੀ ਸਿੱਖਿਆ ਦਾ ਤਾਂ ਜਿਵੇਂ ਦਿਵਾਲਾ ਹੀ ਨਿਕਲ ਗਿਆ ਹੈ। ਵੈਸੇ ਵੀ 2020 ਦੀ ਨਵੀਂ ਸਰਕਾਰ ਦੀ ਸਿੱਖਿਆ ਨੀਤੀ ਨੇ ਸਿੱਖਿਆ ਦੇ ਨਿੱਜੀਕਰਨ, ਵਪਾਰੀਕਰਨ ਨੂੰ ਉਤਸ਼ਾਹਿਤ ਕਰਦਿਆਂ ਵਿਸ਼ਵ ਦੀਆਂ ਯੂਨੀਵਰਸਿਟੀਆਂ ਨੂੰ ਆਪਣੇ ਕੈਂਪਸ ਭਾਰਤ 'ਚ ਖੋਲ੍ਹਣ ਦੀ ਖੁਲ੍ਹ ਦੇ ਕੇ ਵਿਦਿਆਰਥੀਆਂ ਦੀ ਲੁੱਟ ਦਾ ਰਾਹ ਪੱਧਰਾ ਕਰ ਦਿੱਤਾ ਹੈ। ਜ਼ਰਾ ਕੁ ਕਿਆਸ ਕਰੋ ਕਿ ਇਹਨਾ ਵਿਸ਼ਵ ਪੱਧਰੀ ਯੂਨੀਵਰਸਿਟੀਆਂ 'ਚ ਕਿਹੜੇ ਵਿਦਿਆਰਥੀ ਦਾਖ਼ਲਾ ਲੈਣਗੇ?

ਪਿਛਲੇ ਬਜ਼ਟ ਵਿੱਚ ਸਿੱਖਿਆ ਲਈ ਬਹੁਤੀਆਂ ਸੂਬਾ ਸਰਕਾਰਾਂ ਆਪਣੀ ਆਮਦਨ ਦਾ 2.5 ਫ਼ੀਸਦੀ ਤੋਂ 3.1 ਫ਼ੀਸਦੀ ਤੱਕ ਰੱਖਦੀਆਂ ਹਨ। ਭਾਰਤ ਸਰਕਾਰ ਵਲੋਂ ਵੀ ਕੁੱਲ ਜੀਡੀਪੀ ਦਾ 2.9 ਫ਼ੀਸਦੀ ਅਨੁਮਾਨਤ ਖ਼ਰਚਾ ਸਿੱਖਿਆ ਲਈ ਮਿਥਿਆ ਗਿਆ ਹੈ। ਭਾਰਤ ਵਰਗੇ ਮੁਲਕ ਲਈ ਇਹ ਖ਼ਰਚ ਕਿਸੇ ਵੀ ਹਾਲਤ ਵਿੱਚ ਵਾਜਬ ਨਹੀਂ ਗਿਣਿਆ ਜਾ ਸਕਦਾ, ਕਿਉਂਕਿ 100 ਫੀਸਦੀ ਸਾਖਰਤਾ ਦਰ ਅਸੀਂ ਪ੍ਰਾਪਤ ਨਹੀਂ ਕਰ ਸਕੇ। ਸਕੂਲੋਂ ਭੱਜਣ ਵਾਲੇ ਵਿਦਿਆਰਥੀਆਂ ਨੂੰ ਮੁੜ ਸਕੂਲਾਂ 'ਚ ਲਿਆਉਣ ਦਾ ਚੈਲਿੰਜ ਵੀ ਸਾਡੇ ਸਾਹਮਣੇ ਹੈ। ਉੱਚ ਸਿੱਖਿਆ 'ਚ ਜਾਣ ਵਾਲੇ ਉਤਸ਼ਾਹੀ ਵਿਦਿਆਰਥੀਆਂ ਦੀ ਗਿਣਤੀ, ਉਹਨਾ ਦੇ ਪਰਿਵਾਰਾਂ ਦੀ ਮਾਇਕ ਸਾਧਨਾਂ ਦੀ ਘਾਟ ਕਾਰਨ ਘਟ ਰਹੀ ਹੈ। ਪਰ ਮੌਜੂਦਾ ਸਮੇਂ ਇਹ ਹਾਕਮਾਂ ਦੀ ਚਿੰਤਾ ਨਹੀਂ ਹੈ।

ਅੱਜ ਜਦੋਂ ਅਰਥ ਸ਼ਾਸ਼ਤਰ ਦੇ ਨੋਬਲ ਪੁਰਸਕਾਰ ਜੇਤੂ ਅਮਰਤਿਆ ਸੇਨ ਕਹਿੰਦੇ ਹਨ ਕਿ ਭਾਰਤ ਨੂੰ ਬੇਹਤਰ ਸਿੱਖਿਆ ਤੇ ਸਿਹਤ ਸੇਵਾ 'ਤੇ ਧਿਆਨ ਕਰਨ ਦੀ ਲੋੜ ਹੈ ਤਾਂ ਸਿਆਸੀ ਨੇਤਾ, ਹਾਕਮ ਇਸ ਸਬੰਧੀ ਚੁੱਪੀ ਵੱਟ ਕੇ ਬੈਠੇ ਹਨ।

ਜਾਪਦਾ ਹੈ ਸਿਆਸੀ ਧਿਰਾਂ ਇਸ ਸੂਖ਼ਮ ਪਰ ਅਹਿਮ ਮਨੁੱਖੀ ਲੋੜ, ਸਿੱਖਿਆ ਦੇ ਮੁੱਦੇ ਨੂੰ ਤਿਲਾਂਜਲੀ ਦੇ ਕੇ ਵੋਟਾਂ ਹਥਿਆਉਣ ਲਈ ਇਹੋ ਜਿਹਾ ਬਿਰਤਾਂਤ ਸਿਰਜ ਰਹੀਆਂ ਹਨ, ਜਿਹੜਾ ਉਹਨਾ ਨੂੰ "ਰਾਜੇ" ਬਨਣ ਲਈ ਰਾਸ ਆਉਂਦਾ ਹੈ।

ਉਂਜ ਵੀ ਨੇਤਾ ਲੋਕ ਦੇਸ਼ ਦੀ ਜਨਤਾ ਨੂੰ ਪੜਿਆ-ਲਿਖਿਆ ਨਹੀਂ ਵੇਖਣਾ ਚਾਹੁਣਗੇ, ਕਿਉਂਕਿ ਪੜ੍ਹੇ ਲਿਖੇ ਲੋਕ ਸਵਾਲ ਕਰਨਗੇ ਤੇ ਆਪਣੇ ਹੱਕ ਮੰਗਣਗੇ, ਹਾਕਮਾਂ ਦੀ ਥਾਂ ਲੈਣ ਦੀ ਖਾਹਿਸ਼ ਪਾਲਣਗੇ। ਤਦ ਇਹ ਸਭ ਕੁਝ ਸਿਆਸੀ ਲੋਕਾਂ ਦੀ ਸੋਚ ਨੂੰ ਪ੍ਰੇਸ਼ਾਨ ਕਰੇਗਾ।







## ਦੇਵ ਸਮਾਜ ਕਾਲਜ ਆਫ ਐਜੂਕੇਸ਼ਨ ਵਿਖੇ ਸਵੀਪ ਵਿਸਾਖੀ ਮੇਲੇ ਦਾ ਆਯੋਜਨ

### ਚੋਣਾਂ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਅਹਿਮ : ਡਾ. ਚਾਰੂਮਿਤਾ

ਫ਼ਿਰੋਜ਼ਪੁਰ, 15 ਅਪ੍ਰੈਲ (ਗਿਆਨ ਸਿੰਘ): ਲੋਕ ਸਭਾ ਚੋਣਾ 2024 ਦੇ ਮੱਦੇਨਜ਼ਰ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜ਼ਿਲ੍ਹਾ ਸਵੀਪ ਟੀਮ ਵੱਲੋਂ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਦੇਵ ਸਮਾਜ ਕਾਲਜ ਆਫ ਐਜੂਕੇਸ਼ਨ ਵਿਖੇ ਵੋਟਰ ਜਾਗਰੂਕਤਾ ਨੂੰ ਸਮਰਪਿਤ ਸਵੀਪ ਵਿਸਾਖੀ ਮੇਲੇ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੌਰਾਨ ਐਸ.ਡੀ.ਐਮ. ਫਿਰੋਜ਼ਪੁਰ ਡਾ. ਚਾਰੂਮਿਤਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।







ਇਸ ਮੌਕੇ ਡਾ. ਚਾਰੂਮਿਤਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਚੋਣਾਂ ਵਿੱਚ ਨੌਜਵਾਨਾਂ ਦੀ ਵਿਸ਼ੇਸ਼ ਭਾਗੀਦਾਰੀ ਬਹੁਤ ਜ਼ਰੂਰੀ ਹੈ ਕਿਉਂਕੀ ਵਿਦਿਆਰਥੀ ਚੰਗੇ ਨਾਗਰਿਕ ਤੇ ਸਮਾਜ ਦੇ ਨਿਰਮਾਣ ਵਿੱਚ ਮੁੱਖ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਵਿਦਿਆਰਥੀਆਂ ਨੂੰ ਆਪਣੀ ਵੋਟ ਬਣਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਆਗਾਮੀ ਲੋਕ ਸਭਾ ਚੋਣਾਂ ਵਿੱਚ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਜ਼ਰੂਰ ਕਰਨ।

ਉਨ੍ਹਾਂ ਕਿਹਾ ਕਿ ਨੌਜਵਾਨ ਦੇਸ਼ ਦਾ ਭਵਿੱਖ ਹਨ ਅਤੇ ਲੋਕਤੰਤਰ ਦੀ ਸਫ਼ਲਤਾ ਵਿੱਚ ਨੌਜਵਾਨਾਂ ਦੀ ਭੂਮਿਕਾ ਬਹੁਤ ਅਹਿਮ ਹੁੰਦੀ ਹੈ। ਉਨ੍ਹਾਂ ਵੱਲੋਂ ਹਾਜ਼ਰੀਨ ਨੂੰ ਬਿਨਾ ਕਿਸੇ ਲਾਲਚ, ਡਰ, ਪੱਖਪਾਤ ਤੋਂ ਵੋਟ ਪਾਉਣ ਲਈ ਸਹੁੰ ਵੀ ਚੁਕਾਈ ਗਈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫ਼ਿਰੋਜ਼ਪੁਰ ਵਿੱਚ ਇਸ ਵਾਰ 80 ਫੀਸਦੀ ਤੋਂ ਵੱਧ ਵੋਟ ਪਵਾਉਣ ਦਾ ਟੀਚਾ ਨਿਰਧਾਰਿਤ ਕੀਤਾ ਗਿਆ ਹੈ ਅਤੇ ਇਹ ਉਦੋਂ ਹੀ ਸੰਭਵ ਹੋ ਸਕਦਾ ਹੈ ਜਦੋਂ ਹਰੇਕ ਵਰਗ ਆਪਣਾ ਫ਼ਰਜ ਸਮਝਦੇ ਹੋਏ ਆਪਣੀ ਵੋਟ ਦੇ ਸੰਵਿਧਾਨਿਕ ਅਧਿਕਾਰ ਦੀ ਵਰਤੋਂ ਕਰੇ।

ਇਸ ਮੌਕੇ ਵਿਦਿਆਰਥਣਾਂ ਵੱਲੋਂ ਵਿਸ਼ੇਸ਼ ਤੌਰ ਤੇ ਤਿਆਰ ਵੋਟਰ ਜਾਗਰੂਕਤਾ ਵਿਸ਼ੇ ਨੂੰ ਸਮਰਪਿਤ ਸੁੰਦਰ ਰੰਗੋਲੀਆਂ, ਬੋਰਡ, ਤਖ਼ਤੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਬਣੀਆਂ। ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਚੋਣਾਂ ਅਤੇ ਵੋਟ ਦੇ ਅਧਿਕਾਰ ਬਾਰੇ ਜਾਗਰੂਕ ਕਰਦਿਆਂ ਬੋਲੀਆਂ ਤੇ ਗਿੱਧਾ ਅਤੇ ਨੌਜਵਾਨ ਵਿਦਿਆਥੀਆਂ ਵੱਲੋਂ ਮਲਵਈ ਗਿੱਧੇ ਦੀ ਸੁੰਦਰ ਪੇਸ਼ਕਾਰੀ ਕੀਤੀ ਗਈ। ਸਰਕਾਰੀ ਸੀ.ਸੈ.ਸਕੂਲ ਗੱਟੀ ਰਾਜੋ ਕੇ ਦੇ ਵਿਦਿਆਰਥੀਆਂ ਵੱਲੋਂ ਵੋਟਰ ਜਾਰਗੂਕਤਾ ਵਿਸ਼ੇ ਤੇ ਜਾਣਕਾਰੀ ਭਰਪੂਰ ਸੁੰਦਰ ਸਕਿੱਟ ਪੇਸ਼ ਕੀਤੀ ਗਈ। ਐਸ.ਡੀ.ਐਮ. ਵੱਲੋਂ ਰੰਗੋਲੀ, ਗਿੱਧਾ, ਲੋਕ ਗੀਤ, ਸਕਿੱਟ ਤੇ ਭਾਸ਼ਣ ਪੇਸ਼ ਕਰਨ ਵਾਲੇ ਵਿਦਿਆਰਥੀਆਂ ਦਾ ਪ੍ਰਮਾਣ ਪੱਤਰ ਦੇ ਕੇ ਸਨਮਾਨ ਕੀਤਾ ਗਿਆ।

ਇਸ ਮੌਕੇ ਜ਼ਿਲ੍ਹਾ ਸਵੀਪ ਕੌਆਰਡੀਨੇਟਰ ਪ੍ਰਿੰਸੀਪਲ ਡਾ. ਸਤਿੰ-ਦਰ ਸਿੰਘ ਨੇ ਨੌਜਵਾਨ ਵਰਗ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵੱਧ ਤੋਂ ਵੱਧ ਆਪਣਾ ਨਾਂ ਵੋਟਰ ਸੂਚੀਆਂ ਵਿਚ ਦਰਜ਼ ਕਰਵਾਉਣ ਅਤੇ ਹੋਰਨਾਂ ਨੂੰ ਵੀ ਇਸ ਸਬੰਧੀ ਪ੍ਰੇਰਿਤ ਕਰਨ ਤਾਂ ਜੋ ਲੋਕਤੰਤਰ ਪ੍ਰਣਾਲੀ ਦੀ ਮਜ਼ਬੂਤੀ ਲਈ ਨੌਜਵਾਨ ਵਰਗ ਨੂੰ ਵੱਧ ਤੋਂ ਵੱਧ ਭਾਗੀਦਾਰ ਬਣਾਇਆ ਜਾ ਸਕੇ।

ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਰਾਜਵਿੰਦਰ ਕੌਰ ਨੇ ਸਮੂਹ ਹਾਜਰੀਨ ਨੂੰ ਜੀ ਆਇਆਂ ਕਿਹਾ ਅਤੇ ਆਪਣੇ ਸੰਖੇਪ ਤੇ ਪ੍ਰਭਾਵਸ਼ਾਲੀ ਭਾਸ਼ਣ ਰਾਹੀਂ ਵਿਦਿਆਰਥੀਆਂ ਨੂੰ ਵੋਟ ਦੀ ਮਹੱਤਤਾ ਬਾਰੇ ਦੱਸਿਆ। ਸਮਾਗਮ ਦੌਰਾਨ ਰਵੀ ਇੰਦਰ ਸਿੰਘ ਵੱਲੋਂ ਸਟੇਜ ਸਕੱਤਰ ਭੂਮਿਕਾ ਬਾਖ਼ੂਬੀ ਨਿਭਾਈ ਗਈ।

ਸਮਾਗਮ ਦੌਰਾਨ ਜ਼ਿਲ੍ਹਾ ਲੋਕ ਸੰਪਕਰ ਅਫ਼ਸਰ ਅਮਰੀਕ ਸਿੰਘ ਸਾਮਾ, ਸਕੱਤਰ ਰੈੱਡ ਕਰਾਸ ਅਸ਼ੋਕ ਬਹਿਲ, ਨਾਮੀ ਕਲਾਕਾਰ ਹਰਿੰਦਰ ਸਿੰਘ ਭੁੱਲਰ, ਪ੍ਰਿੰਸੀਪਲ ਦੇਵ ਸਮਾਜ ਕਾਲਜ ਫਾਰ ਵੂਮਨ ਡਾ. ਸੰਗੀਤਾ ਸ਼ਰਮਾ, ਸਰਬਜੀਤ ਸਿੰਘ ਭਾਵੜਾ, ਗੀਤਕਾਰ ਬਲਕਾਰ ਸਿੰਘ ਗਿੱਲ ਗੁਲਾਮੀਵਾਲਾ, ਡਾ. ਅਮਰਜੋਤੀ ਮਾਂਗਟ ਸਵੀਪ ਮੈਂਬਰ, ਕਮਲ ਸ਼ਰਮਾ, ਲਖਵਿੰਦਰ ਸਿੰਘ, ਡਾ. ਪਰਮਵੀਰ ਸਿੰਘ, ਡਾ. ਰਜਨੀ ਖੁੰਗਰ, ਕੰਵਲਜੀਤ ਸਿੰਘ, ਜੌਲੀ ਸੰਧੂ, ਪ੍ਰੋ. ਸੁਰੇਸ਼ ਚੋਹਾਨ, ਪਰਗਟ ਗਿੱਲ, ਲੈਕਚਰਾਰ ਰਜਨੀ ਜੱਗਾ ਸਮੇਤ ਕਾਲਜ ਦਾ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

The Mortgage Centre
We work for you, not the lenders.




Debt Consolidation
Renovations & Repairs
Avoiding High penalities

No Credit or becon score check.
No income verifiaction.
Interest payments only.
Pay off high interest debts.
75%-80% LTV.
Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

URGENTLY NEED NEW LISTINGS IN BRAMPTON/CALEDON



ADVERTISEMENT GUARANTEED TILL SOLD
visit: www.teamjagaujla.com
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE

CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED IN YOUR NEIGHBOURHOOD

**Sandalwood & Sunny Meadow Blvd**



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

**James Potter/Queen/Bonnie Brae**



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

**Caledon Ontario (Dir/Cross St:Mayfield/ Mclaughlin/Tweedhill)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

**Bramalea/Father Tobin /Fernfor**



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232
Call: JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES


Asian Food Centre
WE'RE HERE TO SERVE ONLY THE BEST PRODUCTS FOR YOU.
FRESH
FRUITS & VEGETABLES
Healthy & fresh grocery
Variety of Indian Sweets Available
OPEN NOW
340 Woodlawn RD
Guelph, N1H 7K6
ETOBICOKE
10 Westmore Dr. 416-740-3262 MEAT SHOP AVAILABLE
MISSISSAUGA
1075 Ceremonial Dr 905-502-1600 MEAT SHOP AVAILABLE
BRAMPTON
621 Wanless Dr. 905-495-3336 MEAT SHOP AVAILABLE
BRAMPTON
2120 N Park Dr. 905-793-1338 MEAT SHOP AVAILABLE
BRAMPTON
80 Pertosa Dr. 905-460-0009
TOLL FREE 1-800-708-9232
BRAMPTON
40 Airport RD & Lacoste Blvd. 905-794-8109 MEAT SHOP AVAILABLE
BRAMPTON
10510 Torbram Rd. 905-790-0030
BRAMPTON
10 Pannahill Dr. 905-913-8017 MEAT SHOP AVAILABLE
GUELPH
340 Woodlawn Rd W 226-669-0004
We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media